# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਕ ਖਬਰਾਂ ਪੰਜਾਬੀ

## 13:10

**ਮਿਤੀ : 12-10-2026**

ਅੰਮ੍ਰਿਤਸਰ ਸਥਿਤ ਸ੍ਰੀ ਗੁਰੂ ਰਾਮਦਾਸ ਜੀ ਕੌਮਾਂਤਰੀ ਹਵਾਈ ਅੱਡੇ ਨੇੜੇ ਸ਼ੱਕੀ ਡਰੋਨ ਗਤੀਵਿਧੀ ਕਾਰਨ ਬੀਤੀ ਦੇਰ ਰਾਤ ਉਡਾਣ ਸੰਚਾਲਨ ਵਿੱਚ ਵਿਘਨ ਪਿਆ, ਜਿਸ ਕਾਰਨ ਸਾਵਧਾਨੀ ਦੇ ਤੌਰ 'ਤੇ ਆਉਣ ਵਾਲੀਆਂ ਦੋ ਉਡਾਣਾਂ ਨੂੰ ਵਾਪਿਸ ਮੋੜਨਾ ਪਿਆ। ਹਾਲਾਂਕਿ, ਹੁਣ ਕੰਮ ਆਮ ਵਾਂਗ ਜਾਰੀ ਏ। ਅਧਿਕਾਰਤ ਸੂਤਰਾਂ ਨੇ ਆਕਾਸ਼ਵਾਣੀ ਪੱਤਰਕਾਰ ਨੂੰ ਇਸ ਗੱਲ ਦੀ ਪੁਸ਼ਟੀ ਕੀਤੀ ਕਿ ਹਵਾਈ ਅੱਡੇ ਦੇ ਆਲੇ-ਦੁਆਲੇ ਦੋ ਤੋਂ ਤਿੰਨ ਡਰੋਨ ਉੱਡਦੇ ਦੇਖੇ ਗਏ, ਜਿਸ ਤੋਂ ਬਾਅਦ ਸੁਰੱਖਿਆ ਪ੍ਰਬੰਧਾਂ ਦੀ ਸਮੀਖਿਆ ਕੀਤੀ ਗਈ ਅਤੇ ਕੁਝ ਸਮੇਂ ਲਈ ਸਾਵਧਾਨੀ ਦੇ ਤੌਰ 'ਤੇ ਉਡਾਣ ਸੰਚਾਲਨ ਨੂੰ ਰੋਕ ਦਿੱਤਾ ਗਿਆ। ਜਿਸ ਉਡਾਣ ਨੂੰ ਵਾਪਸ ਭੇਜਿਆ ਗਿਆ, ਉਹ ਏਅਰ ਇੰਡੀਆ ਦੀ ਉਡਾਣ ਸੀ ਜੋ ਦਿੱਲੀ ਤੋਂ ਆ ਰਹੀ ਸੀ ਪਰ ਉਸਨੂੰ ਦਿੱਲੀ ਵਾਪਸ ਭੇਜਿਆ ਗਿਆ, ਜਦੋਂ ਕਿ ਮੁੰਬਈ ਤੋਂ

ਆ ਰਹੀ ਇੰਡੀਗੋ ਦੀ ਉਡਾਣ ਨੂੰ ਚੰਡੀਗੜ੍ਹ ਮੋੜ ਦਿੱਤਾ ਗਿਆ। ਮਲੇਸ਼ੀਆ ਏਅਰ-ਲਾਈਨਜ਼ ਦੀ ਕੁਆਲਾਲੰਪੁਰ ਤੋਂ ਅੰਮ੍ਰਿਤਸਰ ਆ ਰਹੀ ਇੱਕ ਉਡਾਣ ਨੂੰ ਦਿੱਲੀ ਉਤਾਰਿਆ ਗਿਆ। ਸੂਤਰਾਂ ਨੇ ਦੱਸਿਆ ਕਿ ਅੰਮ੍ਰਿਤਸਰ ਪੁਲਿਸ ਨੂੰ ਸੂਚਿਤ ਕਰ ਦਿੱਤਾ ਗਿਆ ਏ ਅਤੇ ਮਾਮਲੇ ਦੀ ਜਾਂਚ ਲਈ FIR ਦਰਜ ਕੀਤੀ ਗਈ ਏ ।

---------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸੰਗਰੂਰ ਦੇ ਪੁਲਿਸ ਲਾਈਨਜ਼ ਸਥਿਤ ਸਕੇਟਿੰਗ ਰਿੰਕ ਦਾ ਦੌਰਾ ਕੀਤਾ । ਇਸ ਮੌਕੇ ਮੁੱਖ ਮੰਤਰੀ ਮਾਨ ਨੇ ਨੌਜਵਾਨ ਐਥਲੀਟਾਂ ਅਤੇ ਸਕੇਟਿੰਗ ਐਥਲੀਟਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦਾ ਹੌਸਲਾ ਵਧਾਇਆ। ਮੁੱਖ ਮੰਤਰੀ ਨੇ ਕਿਹਾ :RNU121026

ਇਸ ਮੀਟਿੰਗ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਖੇਡਾਂ ਅਤੇ ਤੰਦਰੁਸਤੀ ਪ੍ਰਤੀ ਉਤਸ਼ਾਹਿਤ ਕਰਨਾ ਅਤੇ ਪੰਜਾਬ ਵਿੱਚ ਖੇਡ ਸੱਭਿਆਚਾਰ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨਾ ਏ ।

---

ਪੰਜਾਬ ਦੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲਿਆਂ ਬਾਰੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕੱਲ ਬਠਿੰਡਾ ਦੀ ਦਾਣਾ ਮੰਡੀ ਦਾ ਦੌਰਾ ਕਰਕੇ ਝੋਨੇ ਦੀ ਖਰੀਦ ਸਬੰਧੀ ਪ੍ਰਬੰਧਾਂ ਦਾ ਜਾਇਜ਼ਾ ਲਿਆ। ਉਨ੍ਹਾਂ ਸਪੱਸ਼ਟ ਕੀਤਾ ਕਿ ਸਰਕਾਰ ਦੇ ਪੁਖਤਾ ਪ੍ਰਬੰਧਾਂ ਸਦਕਾ ਕਿਸੇ ਵੀ ਕਿਸਾਨ, ਆੜ੍ਹਤੀਏ ਅਤੇ ਮਜ਼ਦੂਰ ਨੂੰ ਕੋਈ ਮੁਸ਼ਕਿਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਸ਼੍ਰੀ ਕਟਾਰੂਚੱਕ ਨੇ ਕਿਹਾ ਕਿ ਸਰਕਾਰ ਨੇ ਕਿਸਾਨਾਂ ਦੀਆਂ ਦੋਵੇਂ ਮੁੱਖ ਲੋੜਾਂ ਜਿਣਸ ਦੀ ਨਿਰਵਿਘਨ ਖਰੀਦ ਅਤੇ ਸਮੇਂ ਸਿਰ ਅਦਾਇਗੀ ਹਮੇਸ਼ਾ ਪੂਰੀਆਂ ਕੀਤੀਆਂ ਹਨ। ਹੁਣ ਤੱਕ 2 ਹਜ਼ਾਰ 511 ਕਰੋੜ ਰੁਪਏ ਦੀ ਝੋਨੇ ਦੀ ਅਦਾਇਗੀ ਕਿਸਾਨਾਂ ਨੂੰ ਕੀਤੀ ਜਾ ਚੁੱਕੀ ਏ। ਮੰਤਰੀ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੰਡੀਆਂ ਵਿੱਚ ਪੂਰੀ ਤਰ੍ਹਾਂ ਸੁੱਕੀ ਹੋਈ ਫਸਲ ਹੀ ਲੈ ਕੇ ਆਉਣ ਤਾਂ ਜੋ ਖਰੀਦ ਪ੍ਰਕਿਰਿਆ ਵਿੱਚ ਕੋਈ ਦੇਰੀ ਨਾ ਹੋਵੇ।

---

ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਵਿੱਚ 7 ਤੋਂ 11 ਅਕਤੂਬਰ ਤੱਕ

ਆਯੋਜਿਤ ਵਿਸ਼ੇਸ਼ ਵੋਟਰ ਰਜਿਸਟ੍ਰੇਸ਼ਨ ਕੈਂਪ ਕੱਲ ਮੁਕੰਮਲ ਹੋ ਗਏ। ਆਖਰੀ ਦਿਨ ਫਾਰਮ-6 ਦੀਆਂ ਲਗਭਗ 880 ਅਰਜ਼ੀਆਂ ਪ੍ਰਾਪਤ ਹੋਈਆਂ। ਇਸ ਦੇ ਨਾਲ ਹੀ ਪੰਜ ਦਿਨਾਂ ਦੀ ਇਸ ਮੁਹਿੰਮ ਦੌਰਾਨ ਅਰਜ਼ੀਆਂ ਦੀ ਕੁੱਲ ਗਿਣਤੀ 3,963 ਹੋ ਗਈ। ਇਨ੍ਹਾਂ ਕੈਂਪਾਂ ਦਾ ਉਦੇਸ਼ ਯੋਗ ਨਾਗਰਿਕਾਂ, ਵਿਸ਼ੇਸ਼ ਕਰਕੇ ਰਹਿ ਚੁਕੇ ਵੋਟਰਾਂ , ਨੌਜਵਾਨ ਅਤੇ ਪਹਿਲੀ ਵਾਰ ਦੇ ਵੋਟਰਾਂ ਦੀ ਰਜਿਸਟ੍ਰੇਸ਼ਨ ਨੂੰ ਅਸਾਨ ਬਣਾਉਣਾ ਸੀ। ਮੁਹਿੰਮ ਦੇ ਦੌਰਾਨ, ਕੁੱਲ 5,497 ਅਰਜ਼ੀਆਂ ਪ੍ਰਾਪਤ ਹੋਈਆਂ। ਬੂਥ ਲੈਵਲ ਅਧਿਕਾਰੀਆਂ ਨੇ ਗਣਨਾ ਗੇੜ ਦੌਰਾਨ ਸ਼ਨਾਖ਼ਤ ਕੀਤੇ ਗਏ ਵੋਟਰਾਂ ਦੀਆਂ ਲਿਸਟਾਂ ਆਪਣੇ ਸਬੰਧਿਤ ਪੋਲਿੰਗ ਸਟੇਸ਼ਨਾਂ 'ਤੇ ਪ੍ਰਦਰਸ਼ਿਤ ਕੀਤੀਆਂ। ਇਸ ਨਾਲ ਨਾਗਰਿਕਾਂ ਨੂੰ ਲਿਸਟਾਂ ਦੀ ਤਸਦੀਕ ਕਰਨ ਅਤੇ ਕਿਸੇ ਵੀ ਤਰ੍ਹਾਂ ਦੀਆਂ ਖਾਮੀਆਂ ਦੀ ਜਾਣਕਾਰੀ ਦੇਣ ਵਿੱਚ ਸਹਾਇਤਾ ਮਿਲੀ। ਚੋਣ ਵਿਭਾਗ ਨੇ ਦੁਹਰਾਇਆ ਕਿ ਵੋਟਰ ਰਜਿਸਟ੍ਰੇਸ਼ਨ ਇੱਕ ਨਿਰੰਤਰ ਪ੍ਰਕਿਰਿਆ ਏ ਅਤੇ ਵਿਸ਼ੇਸ਼ ਕੈਂਪਾਂ ਦੇ ਸਮਾਪਨ ਤੋਂ ਬਾਅਦ ਵੀ ਜਾਰੀ ਰਹੇਗੀ। ਜਿਨ੍ਹਾਂ ਪਾਤਰ ਨਾਗਰਿਕਾਂ ਦੇ ਨਾਮ ਵੋਟਰ ਸੂਚੀ ਵਿੱਚ ਸ਼ਾਮਲ ਨਹੀਂ ਨੇ ਉਹ ਚੋਣ ਦਫ਼ਤਰ, ਸਬੰਧਿਤ

ਅਸਿਸਟੈਂਟ ਇਲੈਕਟੋਰਲ ਰਜਿਸਟ੍ਰੇਸ਼ਨ ਅਫ਼ਸਰ ਦੇ ਦਫ਼ਤਰ ਜ਼ਰੀਏ ਔਨਲਾਇਨ ਫਾਰਮ 6 ਜਮ੍ਹਾਂ ਕਰਕੇ ਇਸ ਲਈ ਅਰਜ਼ੀ ਦੇ ਸਕਦੇ ਹਨ।

-----------------------------------------------------------

ਜ਼ਿਲ੍ਹਾ ਚੋਣ ਅਫ਼ਸਰ ਸ੍ਰੀ ਰਾਹੁਲ ਅਤੇ ਵਧੀਕ ਜ਼ਿਲ੍ਹਾ ਚੋਣ ਅਫ਼ਸਰ ਡਾ. ਆਦਿੱਤਿਆ ਸ਼ਰਮਾ ਸਮੇਤ ਤਰਨ ਤਾਰਨ ਜ਼ਿਲ੍ਹੇ ਦੇ ਚੋਣ ਆਬਜ਼ਰਵਰ ਰਾਹੁਲ ਭੰਡਾਰੀ ਨੇ ਬੀਤੇ ਦਿਨੀ ਜ਼ਿਲ੍ਹੇ ਦੇ ਸਾਰੇ ਵਿਧਾਨ ਸਭਾ ਹਲਕਿਆਂ ਦੇ ਚੋਣਕਾਰ ਰਜਿਸਟਰੇਸ਼ਨ ਅਫ਼ਸਰਾਂ ਅਤੇ ਸਹਾਇਕ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਨਾਲ ਆਨਲਾਈਨ ਮੀਟਿੰਗ ਕਰਕੇ ਵਿਸ਼ੇਸ਼ ਤੀਬਰ ਸੋਧ ਦੀ ਪ੍ਰਗਤੀ ਦੀ ਸਮੀਖਿਆ ਕੀਤੀ। ਇਸ ਦੌਰਾਨ ਰਾਹੁਲ ਭੰਡਾਰੀ ਨੇ ਅੱਜ ਕੀਤੀ ਜਾਣ ਵਾਲੀ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ ਸਬੰਧੀ ਕੀਤੇ ਗਏ ਪ੍ਰਬੰਧਾਂ ਦਾ ਜਾਇਜ਼ਾ ਲਿਆ। ਉਨ੍ਹਾਂ ਕਿਹਾ ਇਸ ਸਬੰਧੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਈ ਜਾਵੇ। ਇਸ ਦੌਰਾਨ ਉਨ੍ਹਾਂ ਵੋਟਰ ਸੂਚੀਆਂ ਸਬੰਧੀ ਪ੍ਰਾਪਤ ਸ਼ਿਕਾਇਤਾਂ ਦੇ ਨਿਪਟਾਰੇ, ਅੰਕੜਿਆਂ ਦੇ ਵਿਸ਼ਲੇਸ਼ਣ ਅਤੇ ਨਵੇਂ ਦਰਜ ਹੋਏ ਵੋਟਰਾਂ ਦੇ

ਐਪਿਕ ਕਾਰਡਾਂ ਦੀ ਛਪਾਈ ਤੇ ਵੰਡ ਸਬੰਧੀ ਪ੍ਰਬੰਧਾਂ ਦੀ ਵੀ ਸਮੀਖਿਆ ਕੀਤੀ। ਜ਼ਿਲ੍ਹਾ ਚੋਣ ਅਫ਼ਸਰ ਸ੍ਰੀ ਰਾਹੁਲ ਨੇ ਉਨ੍ਹਾਂ ਨੂੰ ਦੱਸਿਆ ਕਿ ਚੋਣ ਕਮਿਸ਼ਨ ਦੇ ਨਿਰਧਾਰਤ ਪ੍ਰੋਗਰਾਮ ਅਨੁਸਾਰ ਤਰਨ ਤਾਰਨ ਜ਼ਿਲ੍ਹੇ ਦੀਆਂ ਅੰਤਿਮ ਵੋਟਰ ਸੂਚੀਆਂ ਅੱਜ ਪ੍ਰਕਾਸ਼ਿਤ ਕੀਤੀ ਜਾ ਰਹੀ ਏ । ਉਨ੍ਹਾਂ ਦੱਸਿਆ ਕਿ ਸਾਰੀਆਂ ਪ੍ਰਾਪਤ ਸ਼ਿਕਾਇਤਾਂ ਦੀ ਜਾਂਚ ਕਰਕੇ ਲੋੜੀਂਦੀ ਕਾਰਵਾਈ ਮੁਕੰਮਲ ਕੀਤੀ ਗਈ ਏ ਅਤੇ ਨਿਰਧਾਰਤ ਸਮਾਂ-ਸਾਰਣੀ ਅਨੁਸਾਰ ਅੰਤਿਮ ਵੋਟਰ ਸੂਚੀਆਂ ਦੀ ਪ੍ਰਕਾਸ਼ਨਾ ਯਕੀਨੀ ਬਣਾਈ ਜਾਵੇਗੀ।

---------------------------------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਪਹਿਲੀ ਨਵੰਬਰ ਨੂੰ ਕੋਟਕਪੂਰਾ ਵਿਖੇ ਹੋਣ ਵਾਲੀ ਮੈਰਾਥਨ ਦੀਆਂ ਤਿਆਰੀਆਂ ਸਬੰਧੀ ਵੱਖ-ਵੱਖ ਵਿਭਾਗਾਂ ਨਾਲ ਮੀਟਿੰਗ ਕੀਤੀ। ਮੀਟਿੰਗ ਦੌਰਾਨ ਸ੍ਰੀ ਸੰਧਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਨੂੰ ਠੱਲ੍ਹ ਪਾਉਣ ਲਈ ਠੋਸ ਕਦਮ ਉਠਾਏ ਜਾ ਰਹੇ ਨੇ ਜਿਸ ਤਹਿਤ ਨਸ਼ਾ ਤਸਕਰਾਂ ਨੂੰ ਫੜਿਆ ਜਾ ਰਿਹਾ ਏ ਉਨ੍ਹਾਂ ਦੇ ਘਰਾਂ ਨੂੰ

ਢਾਹਿਆ ਜਾ ਰਿਹਾ ਏ। ਇਸ ਦੇ ਨਾਲ ਹੀ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਅਤੇ ਖੇਡਾਂ ਵੱਲ ਪ੍ਰੇਰਿਤ ਕੀਤਾ ਜਾ ਰਿਹਾ। ਉਨ੍ਹਾਂ ਦੱਸਿਆ ਕਿ ਮੈਰਾਥਨ ਵਿੱਚ ਬੱਚੇ, ਨੌਜਵਾਨ, ਮਹਿਲਾਵਾਂ ਅਤੇ ਬਜ਼ੁਰਗਾਂ ਸਮੇਤ ਹਰ ਉਮਰ ਵਰਗ ਦੇ ਲੋਕ ਹਿੱਸਾ ਲੈ ਸਕਣਗੇ। ਉਨ੍ਹਾਂ ਕਿਹਾ ਕਿ ਪੰਜਾਬ ਦੀ ਅਸਲ ਤਾਕਤ ਨੌਜਵਾਨ ਹਨ ਅਤੇ ਨੌਜਵਾਨਾਂ ਦੀ ਊਰਜਾ ਨੂੰ ਸਹੀ ਦਿਸ਼ਾ ਦੇ ਕੇ ਹੀ ਸੂਬੇ ਨੂੰ ਤਰੱਕੀ ਦੀਆਂ ਨਵੀਆਂ ਬੁਲੰਦੀਆਂ ਤੇ ਲਿਜਾਇਆ ਜਾ ਸਕਦਾ ਏ। ਸਪੀਕਰ ਸੰਧਵਾਂ ਨੇ ਕਿਹਾ ਕਿ ਨੌਜਵਾਨ ਪੀੜੀ ਨੂੰ ਵੱਧ ਤੋਂ ਵੱਧ ਖੇਡਾਂ ਨਾਲ ਜੋੜਨ ਲਈ ਪੰਜਾਬ ਸਰਕਾਰ ਵੱਲੋਂ ਖੇਡਾਂ ਵਤਨ ਪੰਜਾਬ ਦੀਆਂ ਵਰਗੇ ਉਪਰਾਲੇ ਕੀਤੇ ਜਾ ਰਹੇ ਨੇ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਇਸ ਮੈਰਾਥਨ ਵਿੱਚ ਹਿੱਸਾ ਲੈਣ ਲਈ ਅਪੀਲ ਕੀਤੀ।

---------------------------------------------------------------

ਉਧਰ ਕਪੂਰਥਲਾ ਦੇ ਡਿਪਟੀ ਕਮਿਸ਼ਨਰ ਅਕਾਸ਼ ਬਾਂਸਲ ਅਤੇ ਐੱਸ.ਐੱਸ.ਪੀ ਗੌਰਵ ਤੂਰਾ ਨੇ ਜ਼ਿਲ੍ਹੇ ਵਿੱਚੋਂ ਨਸ਼ਿਆਂ ਦੀ ਅਲਾਮਤ ਨੂੰ ਪੂਰੀ ਤਰ੍ਹਾਂ ਖ਼ਤਮ ਕਰਨ ਲਈ ਲੋਕਾਂ, ਸਿਵਲ ਪ੍ਰਸ਼ਾਸਨ ਅਤੇ ਪੁਲਿਸ ਨੂੰ

ਮਿਲ ਕੇ ਨਿਰੰਤਰ ਯਤਨ ਕਰਨ ਦਾ ਸੱਦਾ ਦਿੱਤਾ ਏ । ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਤਹਿਤ ਪਿੰਡ ਸੇਂਚਾ ਅਤੇ ਲਾਟੀਆਂ-ਵਾਲ ਵਿਖੇ ਲੋਕਾਂ ਨਾਲ ਸਿੱਧੇ ਸੰਵਾਦ ਦੌਰਾਨ ਡਿਪਟੀ ਕਮਿਸ਼ਨਰ ਅਤੇ ਐੱਸ.ਐੱਸ.ਪੀ ਨੇ ਕਿਹਾ ਕਿ ਸੂਬਾ ਸਰਕਾਰ ਨਸ਼ਿਆਂ ਵਿਰੁੱਧ ਜੰਗ ਨੂੰ ਇਸ ਦੇ ਅੰਜਾਮ ਤੱਕ ਪਹੁੰਚਾਉਣ ਅਤੇ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਦ੍ਰਿੜ੍ਹ ਸੰਕਲਪ ਏ । ਉਨ੍ਹਾਂ ਕਿਹਾ ਕਿ ਸਮਾਜ ਦੇ ਹਰ ਵਰਗ ਦੇ ਸਾਂਝੇ ਯਤਨਾਂ ਨਾਲ ਇਸ ਮੁਹਿੰਮ ਨੂੰ ਕਾਫ਼ੀ ਮਜ਼ਬੂਤੀ ਮਿਲੀ ਏ ਅਤੇ ਲੋਕਾਂ ਦੇ ਨਿਰੰਤਰ ਸਹਿਯੋਗ ਨਾਲ ਨਸ਼ਿਆਂ ਦੀ ਅਲਾਮਤ ਨੂੰ ਪੂਰੀ ਤਰ੍ਹਾਂ ਖ਼ਤਮ ਕੀਤਾ ਜਾ ਸਕਦਾ ਏ ।

---------------------------------------------------------

ਕ੍ਰਿਕਟ ਵਿੱਚ, ਭਾਰਤ ਨੇ ਬੀਤੀ ਰਾਤ ਇੰਦੌਰ ਦੇ ਹੋਲਕਰ ਸਟੇਡੀਅਮ ਵਿੱਚ, ਤੀਜੇ 20-20 ਅੰਤਰਰਾਸ਼ਟਰੀ ਮੈਚ ਵਿੱਚ ਵੈਸਟਇੰਡੀਜ਼ ਨੂੰ 14 ਦੌੜਾਂ ਨਾਲ ਹਰਾ ਦਿੱਤਾ ਏ। ਭਾਰਤ ਵੱਲੋਂ ਦਿੱਤੇ ਗਏ 224 ਦੌੜਾਂ ਦੇ ਟੀਚੇ ਦਾ ਪਿੱਛਾ ਕਰਦਿਆਂ, ਵੈਸਟਇੰਡੀਜ਼ ਦੀ ਟੀਮ ਨਿਰਧਾਰਤ 20 ਓਵਰਾਂ ਵਿੱਚ, 7 ਵਿਕਟਾਂ ਦੇ ਨੁਕਸਾਨ 'ਤੇ ਸਿਰਫ਼ 209 ਦੌੜਾਂ ਹੀ ਬਣਾ ਸਕੀ।

ਭਾਰਤ ਵੱਲੋਂ ਅਰਸ਼ਦੀਪ ਸਿੰਘ ਨੇ ਤਿੰਨ ਵਿਕਟਾਂ ਲਈਆਂ। ਇਸ ਤੋਂ ਪਹਿਲਾਂ, ਵੈਸਟਇੰਡੀਜ਼ ਨੇ ਟਾਸ ਜਿੱਤ ਕੇ ਗੇਂਦਬਾਜ਼ੀ ਕਰਨ ਦਾ ਫੈਸਲਾ ਕੀਤਾ। ਪਹਿਲਾਂ ਬੱਲੇਬਾਜ਼ੀ ਕਰਦਿਆਂ, ਭਾਰਤੀ ਟੀਮ ਨਿਰਧਾਰਤ 20 ਓਵਰਾਂ ਵਿੱਚ, 223 ਦੌੜਾਂ ਬਣਾ ਕੇ ਆਊਟ ਹੋ ਗਈ। ਅਭਿਸ਼ੇਕ ਸ਼ਰਮਾ ਨੇ 30 ਗੇਂਦਾਂ 'ਚ ਸ਼ਾਨਦਾਰ 69 ਦੌੜਾਂ ਬਣਾਈਆਂ। ਅਰਸ਼ਦੀਪ ਸਿੰਘ ਨੂੰ 'ਪਲੇਅਰ ਆਫ਼ ਦ ਮੈਚ' ਚੁਣਿਆ ਗਿਆ। ਇਸ ਜਿੱਤ ਨਾਲ, ਭਾਰਤ ਪੰਜ ਮੈਚਾਂ ਦੀ ਲੜੀ ਵਿੱਚ, 2-1 ਨਾਲ ਅੱਗੇ ਹੋ ਗਿਆ ਏ।